ਬਸੰਤੁ ਮਹਲਾ ੧ ॥ ਆਪੇ ਭਵਰਾ ਫੂਲ ਬੇਲਿ ॥ ਆਪੇ ਸੰਗਤਿ ਮੀਤ ਮੇਲਿ ॥੧॥ ਐਸੀ ਭਵਰਾ ਬਾਸੁ ਲੇ ॥ ਤਰਵਰ ਫੂਲੇ ਬਨ ਹਰੇ ॥ ੧॥ ਰਹਾਉ ॥ ਆਪੇ ਕਵਲਾ ਕੰਤੁ ਆਪਿ ॥ ਆਪੇ ਰਾਵੇ ਸਬਦਿ ਥਾਪਿ ॥੨॥ ਆਪੇ ਬਛਰੂ ਗਊ ਖੀਰੁ ॥ ਆਪੇ ਮੰਦਰੁ ਥੰਮ੍ਹ ਸਰੀਰੁ ॥੩॥ ਆਪੇ ਕਰਣੀ ਕਰਣਹਾਰੁ ॥ ਆਪੇ ਗੁਰਮੁਖਿ ਕਰਿ ਬੀਚਾਰੁ ॥੪॥ ਤੂ ਕਰਿ ਕਰਿ ਦੇਖਹਿ ਕਰਣਹਾਰੁ ॥ ਜੋਤਿ ਜੀਅ ਅਸੰਖ ਦੇਇ ਅਧਾਰੁ ॥੫॥ ਤੂ ਸਰੁ ਸਾਗਰੁ ਗੁਣ ਗਹੀਰੁ ॥ ਤੂ ਅਕੁਲ ਨਿਰੰਜਨੁ ਪਰਮ ਹੀਰੁ ॥ ੬॥ ਤੂ ਆਪੇ ਕਰਤਾ ਕਰਣ ਜੋਗੁ ॥ ਨਿਹਕੇਵਲੁ ਰਾਜਨ ਸੁਖੀ ਲੋਗੁ ॥ ੭॥ ਨਾਨਕ ਧ੍ਰਾਪੇ ਹਰਿ ਨਾਮ ਸੁਆਦਿ ॥ ਬਿਨੁ ਹਰਿ ਗੁਰ ਪ੍ਰੀਤਮ ਜਨਮੁ ਬਾਦਿ ॥੮॥੭॥ {ਪੰਨਾ 1190}

ਪਦਅਰਥ:- ਆਪੇ—(ਪ੍ਰਭੂ) ਆਪ ਹੀ। ਮੇਲਿ—ਮੇਲ ਵਿਚ।1।

ਐਸੀ—ਇਉਂ, ਇਸ ਤਰੀਕੇ ਨਾਲ। ਬਾਸੁ—ਸੁਗੰਧੀ। ਲੇ—ਲੈਂਦਾ ਹੈ। ਤਰਵਰ—ਰੁੱਖ।1। ਰਹਾਉ।

ਕਵਲਾ—ਲੱਛਮੀ। ਕੰਤੁ—(ਲੱਛਮੀ ਦਾ) ਖਸਮ। ਸਬਦਿ—(ਆਪਣੇ) ਹੁਕਮ ਨਾਲ। ਥਾਪਿ—ਪੈਦਾ ਕਰ ਕੇ।2।

ਬਛਰੂ—ਵੱਛਾ। ਖੀਰੁ—ਦੁੱਧ।3।

ਕਰਣਹਾਰੁ—ਸਭ ਕੁਝ ਕਰਨ ਦੇ ਸਮਰੱਥ। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ।4।

ਦੇਖਹਿ—ਵੇਖਦਾ ਹੈਂ, ਸੰਭਾਲ ਕਰਦਾ ਹੈਂ। ਦੇਇ—ਦੇ ਕੇ। ਅਧਾਰੁ—ਆਸਰਾ।5।

ਗੁਣ ਗਹੀਰੁ—ਗੁਣਾਂ ਦਾ ਡੂੰਘਾ (ਸਮੁੰਦਰ)। ਅਕੁਲ—ਜਿਸ ਦੀ ਕੋਈ ਖ਼ਾਸ ਕੁਲ ਨਹੀਂ। ਹੀਰੁ—ਹੀਰਾ।6।

ਕਰਨਜੋਗੁ—ਸਭ ਕੁਝ ਕਰ ਸਕਣ ਵਾਲਾ। ਨਿਹਕੇਵਲੁ—ਵਾਸਨਾ-ਰਹਿਤ। ਰਾਜਨ—ਹੇ ਰਾਜਨ!।7।

ਧ੍ਰਾਪੇ—ਰੱਜ ਜਾਂਦਾ ਹੈ। ਸੁਆਦਿ—ਸੁਆਦ ਵਿਚ। ਬਾਦਿ—ਵਿਅਰਥ।8।

ਅਰਥ:- (ਗੁਰਮੁਖਿ) ਭੌਰਾ ਇਸ ਤਰ੍ਹਾਂ (ਪ੍ਰਭੂ ਦੇ ਨਾਮ ਦੀ) ਸੁਗੰਧੀ ਲੈਂਦਾ ਹੈ ਕਿ ਉਸ ਨੂੰ ਜੰਗਲ ਦੇ ਸਾਰੇ ਰੁੱਖ ਹਰੇ ਤੇ ਫੁੱਲਾਂ ਨਾਲ ਲੱਦੇ ਹੋਏ ਦਿੱਸਦੇ ਹਨ (ਗੁਰਮੁਖਿ ਨੂੰ ਸਾਰੀ ਸ੍ਰਿਸ਼ਟੀ ਵਿਚ ਹਰ ਥਾਂ ਪ੍ਰਭੂ ਦੀ ਹੀ ਜੋਤਿ ਰੁਮਕਦੀ ਦਿੱਸਦੀ ਹੈ)।1। ਰਹਾਉ।

(ਗੁਰਮੁਖਿ ਨੂੰ ਦਿੱਸਦਾ ਹੈ ਕਿ) ਪਰਮਾਤਮਾ ਆਪ ਹੀ (ਸੁਗੰਧੀ ਲੈਣ ਵਾਲਾ) ਭੌਰਾ ਹੈ, ਆਪ ਹੀ ਵੇਲ ਹੈ ਤੇ ਆਪ ਹੀ ਵੇਲਾਂ ਉਤੇ ਉੱਗੇ ਹੋਏ ਫੁੱਲ ਹੈ। ਆਪ ਹੀ ਸੰਗਤਿ ਹੈ ਆਪ ਹੀ ਸੰਗਤਿ ਵਿਚ ਸਤ ਸੰਗੀ ਮਿਤ੍ਰਾਂ ਨੂੰ ਇਕੱਠਾ ਕਰਦਾ ਹੈ।1।

(ਗੁਰਮੁਖਿ ਨੂੰ ਦਿੱਸਦਾ ਹੈ ਕਿ) ਪ੍ਰਭੂ ਆਪ ਹੀ ਲੱਛਮੀ (ਮਾਇਆ) ਹੈ ਤੇ ਆਪ ਹੀ ਲੱਛਮੀ ਦਾ ਪਤੀ ਹੈ, ਪ੍ਰਭੂ ਆਪ ਆਪਣੇ ਹੁਕਮ ਨਾਲ ਸਾਰੀ ਸ੍ਰਿਸ਼ਟੀ ਨੂੰ ਪੈਦਾ ਕਰ ਕੇ ਆਪ ਹੀ (ਦੁਨੀਆ ਦੇ ਪਦਾਰਥਾਂ ਨੂੰ) ਮਾਣ ਰਿਹਾ ਹੈ।2।

ਪ੍ਰਭੂ ਆਪ ਹੀ ਵੱਛਾ ਹੈ ਆਪ ਹੀ (ਗਾਂ ਦਾ) ਦੁੱਧ ਹੈ, ਪ੍ਰਭੂ ਆਪ ਹੀ ਮੰਦਰ ਹੈ ਆਪ ਹੀ (ਮੰਦਰ ਦਾ) ਥੰਮ੍ਹ ਹੈ, (ਆਪ ਹੀ ਜਿੰਦ ਹੈ ਤੇ) ਆਪ ਹੀ ਸਰੀਰ।3।

ਪ੍ਰਭੂ ਆਪ ਹੀ ਕਰਨ-ਜੋਗ ਕੰਮ ਹੈ, ਪ੍ਰਭੂ ਆਪ ਹੀ ਗੁਰੂ ਹੈ ਤੇ ਆਪ ਹੀ ਗੁਰੂ ਦੇ ਸਨਮੁਖ ਹੋ ਕੇ ਆਪਣੇ ਗੁਣਾਂ ਦੀ ਵਿਚਾਰ ਕਰਦਾ ਹੈ।4।

(ਗੁਰਮੁਖਿ ਪ੍ਰਭੂ-ਦਰ ਤੇ ਇਉਂ ਅਰਦਾਸ ਕਰਦਾ ਹੈ—) ਹੇ ਪ੍ਰਭੂ! ਤੂੰ ਸਭ ਕੁਝ ਕਰਨ ਦੀ ਤਾਕਤ ਰੱਖਦਾ ਹੈਂ, ਤੂੰ ਜੀਵ ਪੈਦਾ ਕਰ ਕੇ ਤੇ ਬੇਅੰਤ ਜੀਵਾਂ ਨੂੰ ਆਪਣੀ ਜੋਤਿ ਦਾ ਸਹਾਰਾ ਦੇ ਕੇ ਆਪ ਹੀ ਸਭ ਦੀ ਸੰਭਾਲ ਕਰਦਾ ਹੈਂ।5।

ਹੇ ਪ੍ਰਭੂ! ਤੂੰ ਗੁਣਾਂ ਦਾ ਸਰੋਵਰ ਹੈਂ, ਤੂੰ ਗੁਣਾਂ ਦਾ ਅਥਾਹ ਸਮੁੰਦਰ ਹੈਂ। ਤੇਰੀ ਕੋਈ ਖ਼ਾਸ ਕੁਲ ਨਹੀਂ, ਤੇਰੇ ਉਤੇ ਮਾਇਆ ਆਪਣਾ ਪ੍ਰਭਾਵ ਨਹੀਂ ਪਾ ਸਕਦੀ, ਤੂੰ ਸਭ ਤੋਂ ਸ੍ਰੇਸ਼ਟ ਹੀਰਾ ਹੈਂ।6।

(ਗੁਰਮੁਖਿ ਸਦਾ ਇਉਂ ਅਰਦਾਸ ਕਰਦਾ ਹੈ—) ਹੇ ਰਾਜਨ! ਤੂੰ ਆਪ ਹੀ ਸਾਰੇ ਜਗਤ ਦਾ ਪੈਦਾ ਕਰਨ ਵਾਲਾ ਹੈਂ, ਤੇ ਪੈਦਾ ਕਰਨ ਦੀ ਸਮਰੱਥਾ ਰੱਖਦਾ ਹੈਂ।

ਹੇ ਰਾਜਨ! ਤੂੰ ਪਵਿਤ੍ਰ-ਸਰੂਪ ਹੈਂ, ਜਿਸ ਉਤੇ ਤੇਰੀ ਮਿਹਰ ਹੁੰਦੀ ਹੈ ਉਹ ਆਤਮਕ ਆਨੰਦ ਮਾਣਦਾ ਹੈ।7।

ਹੇ ਨਾਨਕ! ਜੇਹੜਾ ਭੀ ਮਨੁੱਖ ਪਰਮਾਤਮਾ ਦੇ ਨਾਮ ਦੇ ਸੁਆਦ ਵਿਚ ਮਗਨ ਹੁੰਦਾ ਹੈ ਉਹ ਮਾਇਆ ਵਲੋਂ ਰੱਜ ਜਾਂਦਾ ਹੈ, (ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਤੋਂ ਬਿਨਾ ਪ੍ਰੀਤਮ ਗੁਰੂ ਦੀ ਸਰਨ ਤੋਂ ਬਿਨਾ ਮਨੁੱਖਾ ਜੀਵਨ ਵਿਅਰਥ ਚਲਾ ਜਾਂਦਾ ਹੈ।8।7।